**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :26-11-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸੰਵਿਧਾਨ ਦਿਵਸ ਮੌਕੇ ਸੰਵਿਧਾਨ ਸਦਨ ਦੇ ਕੇਂਦਰੀ ਹਾਲ ਵਿੱਚ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹੀ । ਇਸ ਮੌਕੇ ਬੋਲਦਿਆਂ, ਰਾਸ਼ਟਰਪਤੀ ਮੁਰਮੂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤੀ ਸੰਸਦ ਦੁਨੀਆ ਭਰ ਦੇ ਕਈ ਦੇਸ਼ਾਂ ਲਈ ਇਕ ਮਿਸਾਲ ਏ । ਰਾਸ਼ਟਰਪਤੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਚ ਸੰਸਦ ਨੇ ਵਿਖਾਇਆ ਏ ਕਿ ਲੋਕਾਂ ਦੀਆਂ ਇੱਛਾਵਾਂ ਨੂੰ ਕਿਵੇਂ ਪੂਰਾ ਕਰਨਾ ਏ । ਉਨ੍ਹਾਂ ਇਹ ਵੀ ਦੱਸਿਆ ਕਿ ਸੰਵਿਧਾਨ ਨਿਰਮਾਤਾ ਇਹ ਯਕੀਨੀ ਬਣਾਉਣਾ ਚਾਹੁੰਦੇ ਸਨ ਕਿ ਸੰਵਿਧਾਨ ਰਾਹੀਂ ਲੋਕਾਂ ਦੀ ਸਮੂਹਿਕ ਤੇ ਵਿਅਕਤੀਗਤ ਮਾਣ-ਸਨਮਾਨ ਦੀ ਰੱਖਿਆ ਹੋਵੇ । Byte---

ਇਸ ਮੌਕੇ ਰਾਸ਼ਟਰਪਤੀ ਨੇ ਸੰਵਿਧਾਨ ਦੇ ਨੌਂ ਭਾਸ਼ਾਵਾਂ ਵਿੱਚ ਅਨੁਵਾਦਿਤ ਸੰਸਕਰਣ ਜਾਰੀ ਕੀਤੇ, ਜਿਨ੍ਹਾਂ ਵਿੱਚ ਪੰਜਾਬੀ, ਮਲਿਆਲਮ, ਮਰਾਠੀ,

ਨੇਪਾਲੀ, ਬੋਡੋ, ਕਸ਼ਮੀਰੀ, ਤੇਲਗੂ, ਉੜੀਆ ਤੇ ਅਸਾਮੀ ਸ਼ਾਮਲ ਨੇ । ਇਸੇ ਦੌਰਾਨ ਸੰਵਿਧਾਨ ਦਿਵਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਦੇ ਨਾਗਰਿਕਾਂ ਨੂੰ ਇਕ ਪੱਤਰ ਲਿਖਿਆ ਏ , ਜਿਸ ਵਿੱਚ 1949 ਵਿੱਚ ਸੰਵਿਧਾਨ ਨੂੰ ਇਤਿਹਾਸਕ ਤੌਰ ਤੇ ਅਪਣਾਏ ਜਾਣ ਨੂੰ ਯਾਦ ਕੀਤਾ ਗਿਆ ਏ । ਦੇਸ਼ ਦੀ ਤਰੱਕੀ ਵਿੱਚ ਸੰਵਿਧਾਨ ਦੀ ਸਥਾਈ ਭੂਮਿਕਾ ਦਾ ਉਲੇਖ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਆਪਣੇ ਪੱਤਰ ਵਿੱਚ ਕਿਹਾ ਕਿ 2015 ਵਿੱਚ ਸਰਕਾਰ ਨੇ ਇਸ ਪਵਿੱਤਰ ਦਸਤਾਵੇਜ ਦੇ ਸਨਮਾਨ ਵਿੱਚ 26 ਨਵੰਬਰ ਨੂੰ ਸੰਵਿਧਾਨ ਦਿਵਸ ਵਜੋਂ ਐਲਾਨਿਆ ਸੀ । ਪ੍ਰਧਾਨ ਮੰਤਰੀ ਨੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਕਰਤਵਾਂ ਨੂੰ ਸਭ ਤੋਂ ਉੱਪਰ ਰੱਖਣ ਤੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਲੋਕਤੰਤਰ ਨੂੰ ਮਜ਼ਬੂਤ ਕਰਨ ।

---------------------------------------------------------

ਪੰਜਾਬ ਸਰਕਾਰ ਵਲੋਂ ਅੱਜ ਵਿਧਾਨ ਸਭਾ ਦਾ ਇਕ ਦਿਨਾਂ ਵਿਸ਼ੇਸ਼ ਵਿਦਿਆਰਥੀ ਇਜਲਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਏ । ਇਸ ਇਜਲਾਸ ਵਿਚ ਪੰਜਾਬ ਦੇ 117 ਵਿਧਾਨ ਸਭਾ

ਹਲਕਿਆਂ ਦੇ ਸਰਕਾਰੀ ਸਕੂਲਾਂ ਵਿਚੋਂ ਚੁਣੇ ਗਏ ਵਿਦਿਆਰਥੀ ਹਿੱਸਾ ਲੈ ਰਹੇ ਨੇ । ਇਸ ਬਾਰੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਮੌਕ ਸਟੂਡੈਂਟ ਇਜਲਾਸ ਸੰਵਿਧਾਨ ਦਿਵਸ ਵਾਲੇ ਦਿਨ ਚੰਡੀਗੜ੍ਹ ਦੀ ਬਜਾਏ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਥਾਪਤ ਕੀਤੀ ਗਈ ਆਰਜ਼ੀ ਵਿਧਾਨ ਸਭਾ ਵਿੱਚ ਹੋ ਰਿਹਾ ਏ । ਇਜਲਾਸ ਦੌਰਾਨ ਵਿਦਿਆਰਥੀਆਂ ਨੂੰ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ‘ਤੇ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲੇਗਾ |-----------------------------------------------------

ਇਸੇ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਲਈ ਸੂਬਾ ਸਰਕਾਰ ਵਲੋਂ ਵਿਸ਼ੇਸ਼ ਤੌਰ ’ਤੇ ਸਥਾਪਤ ਕੀਤਾ ਗਿਆ ਵਿਧਾਨ ਸਭਾ ਕੰਪਲੈਕਸ 29 ਨਵੰਬਰ ਤੱਕ ਆਮ ਜਨਤਾ ਲਈ ਖੁੱਲ੍ਹਾ ਰਹੇਗਾ । ਸ. ਬੈਂਸ ਨੇ ਦੱਸਿਆ ਕਿ ਇਸ ਦੇ ਨਾਲ ਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਡਰੋਨ ਸ਼ੋਅ ਦੇ ਨਾਲ ਸੰਗਤ ਦੀ ਸਹੂਲਤ ਲਈ

ਸਥਾਪਤ ਕੀਤੀਆਂ ਗਈਆਂ ਤਿੰਨ ਟੈਂਟ ਸਿਟੀਜ਼ ਤੇ ਪਾਰਕਿੰਗ ਦੀ ਸਹੂਲਤ ਵੀ 29 ਤੱਕ ਜਾਰੀ ਰਹੇਗੀ।

---------------------------------------------------

ਫਾਜ਼ਿਲਕਾ ਪੁਲਿਸ ਨੇ ਬੀ.ਐਸ.ਐਫ(BSF) ਨਾਲ ਮਿਲ ਕੇ ਇਕ ਵਿਸ਼ੇਸ਼ ਆਪਰੇਸ਼ਨ ਰਾਹੀਂ ਦੋ ਡਰੱਗ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਮੁਲਜ਼ਮਾਂ ਦੇ ਕਬਜ਼ੇ 'ਚੋਂ 10 ਪੈਕਟਾਂ ਵਿੱਚ ਬੰਦ 5 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਹੋਈ ਏ। ਮਾਮਲੇ ਵਿੱਚ ਪੁਲਿਸ ਨੇ ਇਕ ਪਿਸਤੌਲ13 ਜ਼ਿੰਦਾ ਕਾਰਤੂਸ ਤੇ ਚਾਰ ਮੈਗਜ਼ੀਨ ਵੀ ਬਰਾਮਦ ਕੀਤੇ ਨੇ। ਪੁਲਿਸ ਦਾ ਕਹਿਣਾ ਏ ਕਿ ਮੁਲਜ਼ਮਾਂ ਨੇ ਇਹ ਖੇਪ ਡਰੋਨ ਰਾਹੀਂ ਪਾਕਿਸਤਾਨ ਤੋਂ ਮੰਗਵਾਈ ਸੀ। ਇਸ ਮਾਮਲੇ ਵਿੱਚ ਇਕ ਮੁਲਜ਼ਮ ਫਰਾਰ ਦੱਸਿਆ ਜਾ ਰਿਹਾ ਏ। ਇਸ ਬਾਰੇ ਐੱਸ.ਐੱਸ.ਪੀ.ਗੁਰਮੀਤ ਸਿੰਘ ਨੇ ਦੱਸਿਆ ਕਿ ਜਲਾਲਾਬਾਦ ਦੀ ਸਦਰ ਪੁਲਿਸ ਦੀ ਐੱਸ.ਐੱਚ.ਓ. ਸ਼ਿਮਲਾ ਰਾਣੀ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਬੀ.ਐੱਸ.ਐੱਫ. ਨਾਲ ਮਿਲ ਕੇ ਆਪਰੇਸ਼ਨ ਚਲਾਇਆ ਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ

ਮੁਲਜ਼ਮਾਂ ਦੀ ਪਛਾਣ ਕਰਨੈਲ ਸਿੰਘ ਵਾਸੀ ਪਿੰਡ ਚੱਕ ਬਜੀਦਾ ਤੇ ਗੁਰਪ੍ਰੀਤ  ਸਿੰਘ ਵਾਸੀ ਚੱਕ ਟਾਹਲੀਵਾਲਾ ਵਜੋਂ ਹੋਈ ਏ।

---------------------------------------------------

ਪੁਲਿਸ ਨੇ ਪਠਾਨਕੋਟ ਦੇ ਸਰਹੱਦੀ ਬਮਿਆਲ ਖੇਤਰ ਚ ਵੱਡੀ ਕਾਰਵਾਈ ਕਰਦਿਆਂ ਉੱਜ ਦਰਿਆ ਖੇਤਰ ਵਿੱਚ ਇਕ ਨਸ਼ਾ ਤਸਕਰ ਦੇ ਘਰ ਨੂੰ ਢਾਹ ਦਿੱਤਾ। ਮੁਲਜ਼ਮ ਵਿਰੁੱਧ ਨੌਂ ਮਾਮਲੇ ਦਰਜ ਨੇ , ਉਹ ਇਸ ਸਮੇਂ ਸਰਹੱਦ ਪਾਰ ਤਸਕਰੀ  ਦੇ ਦੋਸ਼ ਚ ਜੇਲ੍ਹ ਵਿੱਚ ਬੰਦ ਏ। ਇਸ ਬਾਰੇ ਇਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਐਸ.ਡੀ.ਐਮ. ਪਠਾਨਕੋਟ ਵਲੋਂ ਕੀਤੀ ਜਾਂਚ ਵਿਚ ਪਾਇਆ ਗਿਆ ਕਿ ਤਸਕਰ ਨੇ ਇਲਾਕੇ ਚ ਉਜ ਦਰਿਆ ਵਿਚਕਾਰ ਸਰਕਾਰੀ ਜ਼ਮੀਨ 'ਤੇ ਕਬਜ਼ਾ ਕਰਕੇ ਇੱਕ ਘਰ ਬਣਾਇਆ ਸੀ, ਜਿਸ ਨੂੰ ਢਾਹ ਦਿੱਤਾ ਗਿਆ।

---------------------------------------------------

ਇਸੇ ਤਰਾਂ ਪੁਲਿਸ ਜਿਲਾ ਬਟਾਲਾ ਦੇ ਥਾਣਾ ਕਿਲ੍ਹਾ ਲਾਲ ਸਿੰਘ ਨੇ ਮੋਟਰਸਾਈਕਲ ਸਵਾਰ 2 ਨੌਜਵਾਨਾਂ ਕੋਲੋ 1 ਕਿਲੋ ਤੋ ਵੱਧ ਹੈਰੋਇਨ

ਬਰਾਮਦ ਹੋਈ ਏ ਦੋਵੇ ਨੌਜਵਾਨ ਜਿਲਾ ਅੰਮ੍ਰਿਤਸਰ ਦੇ ਰਹਿਣ ਵਾਲੇ ਨੇ ਤੇ ਬਟਾਲਾ ਇਲਾਕੇ ਚ ਨਸ਼ੇ ਦਾ ਕਾਰੋਬਾਰ ਚਲਾ ਰਹੇ ਸਨ, ਇਸੇ ਤਰ੍ਹਾਂ ਇੱਕ ਹੋਰ ਮਾਮਲੇ ਚ ਪੁਲਿਸ ਵਲੋਂ 4 ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਕੇ ਉਹਨਾਂ  ਕੋਲੋਂ 400 ਗ੍ਰਾਮ ਤੋਂ ਵੱਧ ਹੈਰੋਇਨ ਤੇ 400 ਗ੍ਰਾਮ ਹੀ ਆਇਸ ਵੀ ਬਰਾਮਦ ਕੀਤੀ ਏ, ਇਸ ਬਾਰੇ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਵਿਪਨ ਕੁਮਾਰ ਨੇ ਦੱਸਿਆ ਕਿ ਮਾਮਲੇ ਦੀ  ਜਾਂਚ ਕੀਤੀ ਜਾ ਰਹੀ ਏ ਤੇ ਅਗਲੀ ਪੁੱਛਗਿੱਛ ਜਾਰੀ ਏ , ਜਿਸ ਵਿਚ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਏ।

-----------------------------------------------------

ਲੁਧਿਆਣਾ ਦੀ ਭਗਤ ਸਿੰਘ ਨਗਰ ਕਲੋਨੀ ਵਿਚ ਇਕ ਨਿਰਮਾਣ ਅਧੀਨ ਤਿੰਨ ਮੰਜ਼ਿਲਾ ਕੂਲਰ ਫੈਕਟਰੀ ਦਾ ਲੈਂਟਰ ਡਿੱਗ ਗਿਆ, ਜਿਸ ਕਾਰਨ ਇੱਕ ਮਜ਼ਦੂਰ ਦੀ ਮੌਕੇ ‘ਤੇ ਹੀ ਮੌਤ ਹੋ ਗਈ। ਹਾਦਸੇ ਚ ਚਾਰ ਹੋਰ ਜ਼ਖਮੀ ਹੋ ਗਏ ਨੇ। ਇਸ ਬਾਰੇ ਇਕ ਹੋਰ ਮਜ਼ਦੂਰ ਧਰਮਿੰਦਰ ਕੁਮਾਰ ਵਸ ਦੱਸਿਆ ਕਿ  ਇਹ ਹਾਦਸਾ ਤੀਜੀ ਮੰਜ਼ਿਲ ‘ਤੇ ਲੈਂਟਰ ਪਾਉਣ ਤੋਂ ਬਾਅਦ ਮਸ਼ੀਨ ਦੀ ਸ਼ਟਰਿੰਗ ਖੋਲ੍ਹਦੇ ਸਮੇਂ ਵਾਪਰਿਆ।

ਇਸ ਦੇ ਨਾਲ ਹੀ ਖਬਰਾਂ ਦਾ ਹ ਬੁਲੇਟਿਨ ਖਤਮ ਹੋਇਆ

ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗਏ 1 ਵੱਜ  ਕੇ 40 ਮਿੰਟ ਤੇ । ਨਮਸਕਾਰ